**ਪਉੜੀ ॥ ਹਉ ਕਿਆ ਸਾਲਾਹੀ ਕਿਰਮ ਜੰਤੁ ਵਡੀ ਤੇਰੀ ਵਡਿਆਈ ॥ ਤੂ ਅਗਮ ਦਇਆਲੁ ਅਗੰਮੁ ਹੈ ਆਪਿ ਲੈਹਿ ਮਿਲਾਈ ॥ ਮੈ ਤੁਝ ਬਿਨੁ ਬੇਲੀ ਕੋ ਨਹੀ ਤੂ ਅੰਤਿ ਸਖਾਈ ॥ ਜੋ ਤੇਰੀ ਸਰਣਾਗਤੀ ਤਿਨ ਲੈਹਿ ਛਡਾਈ ॥ ਨਾਨਕ ਵੇਪਰਵਾਹੁ ਹੈ ਤਿਸੁ ਤਿਲੁ ਨ ਤਮਾਈ ॥੨੦॥੧॥**

**{ਪੰਨਾ 792}**

ਅਰਥ:- ਹੇ ਪ੍ਰਭੂ! ਮੈਂ ਇਕ ਕੀੜਾ ਜਿਹਾ ਹਾਂ, ਤੇਰੀ ਵਡਿਆਈ ਵੱਡੀ ਹੈ, ਮੈਂ ਤੇਰੇ ਕੀਹ ਕੀਹ ਗੁਣ ਬਿਆਨ ਕਰਾਂ? ਤੂੰ ਬੜਾ ਹੀ ਦਿਆਲ ਹੈਂ, ਅਪਹੁੰਚ ਹੈਂ ਤੂੰ ਆਪ ਹੀ ਆਪਣੇ ਨਾਲ ਮਿਲਾਂਦਾ ਹੈਂ। ਮੈਨੂੰ ਤੈਥੋਂ ਬਿਨਾ ਕੋਈ ਬੇਲੀ ਨਹੀਂ ਦਿੱਸਦਾ, ਆਖ਼ਰ ਤੂੰ ਹੀ ਸਾਥੀ ਹੋ ਕੇ ਪੁਕਾਰਦਾ ਹੈਂ, ਜੋ ਜੋ ਜੀਵ ਤੇਰੀ ਸਰਨ ਆਉਂਦਾ ਹੈ ਉਹਨਾਂ ਨੂੰ (ਹਉਮੈ ਦੇ ਗੇੜ ਤੋਂ) ਬਚਾ ਲੈਂਦਾ ਹੈਂ।

ਹੇ ਨਾਨਕ! ਪ੍ਰਭੂ ਆਪ ਬੇ-ਮੁਥਾਜ ਹੈ, ਉਸ ਨੂੰ ਰਤਾ ਭੀ ਕੋਈ ਲਾਲਚ ਨਹੀਂ ਹੈ। 20।1।